Vigilance Bureau Punjab

**VIGILANCE NABS HEAD CONSTABLE ACCEPTING BRIBE OF Rs. 50,000**

Chandigarh, August 11: State Vigilance Bureau nabbed Head Constable (HC) Balwinder Singh red handed while accepting bribe of Rs. 50,000/-.

Disclosing this here an official spokesman of the Vigilance Bureau said HC Balwinder Singh posted at Sadar Police Station Patti was nabbed red handed on the complaint Palwinder Singh resident of Teacher colony, Faridkot. The Complainant has approached the VB and alleged that the accused HC was demanding Rs. 1,00,000/- to help his brother in drug peddling case and the deal was struck at Rs. 50,000/-..

After verifying his information, the Vigilance team laid a trap and the accused HC was arrested on the spot accepting bribe of Rs. 50,000 from the complainant in the presence of two official witnesses. He informed that a case under Prevention of Corruption Act has been registered against him at VB police station Amritsar and further investigation were under progress.

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਵਲੋਂ 50,000/- ਰੁਪਏ ਦੀ ਰਿਸ਼ਵਤ ਲੈਂਦਾ ਹੌਲਦਾਰ ਰੰਗੇ ਹੱਥੀਂ ਕਾਬੂ**

ਚੰਡੀਗੜ੍ਹ, 11 ਅਗਸਤ : ਪੰਜਾਬ ਵਿਜੀਲੈਂਸ ਬਿਊਰੋ ਨੇ ਸਦਰ ਥਾਣਾ ਪੱਟੀ ਵਿਖੇ ਤਾਇਨਾਤ ਇਕ ਹੌਲਦਾਰ ਬਲਵਿੰਦਰ ਸਿੰਘ ਨੂੰ 50,000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਹੌਲਦਾਰ ਨੂੰ ਸ਼ਿਕਾਇਤਕਰਤਾ ਪਲਵਿੰਦਰ ਸਿੰਘ ਵਾਸੀ ਟੀਚਰ ਕਲੋਨੀ, ਫਰੀਦਕੋਟ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੇ ਭਰਾ ਨੂੰ ਨਸ਼ਾ ਤਸਕਰੀ ਕੇਸ ਵਿਚ ਉਸ ਵਿਰੁੱਧ ਕਾਰਵਾਈ ਨਾ ਕਰਨ ਦੇ ਇਵਜ਼ ਵਿਚ ਉਕਤ ਹੌਲਦਾਰ ਵਲੋਂ 1 ਲੱਖ ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 50,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਹੌਲਦਾਰ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਅੰਮ੍ਰਿਤਸਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।